**Vigilance Bureau Punjab**

# VIGILANCE NABS PSPCL JE, PRIVATE PERSON IN TWO DIFFERENT BRIBERY CASES

Chandigarh, May 19: State Vigilance Bureau arrested an Assistant Junior Engineer of PSPCL and a private person for taking bribe in two different cases.

Disclosing this here an official spokesperson of the Vigilance Bureau said JE Sukhjinder Gir posted at PSPCL grid at village Rohar Jagir, Patiala was arrested on the complaint of Ranjit Singh of Village Pathan Majra in Patiala district

The complaint has approached the VB and alleged that the above said JE was demanding Rs. 2,000 to replace a non-working electricity transformer on his land. It may be mentioned here that the accused JE had already taken Rs. 3000 to repair the same transformer.

After verifying his information, Vigilance team laid a trap and the accused JE arrested on the spot while accepting bribe of Rs.2,000 from the complainant in the presence of two official witnesses.

In another bribery case a private person Ramandeep Singh Ahluwalia of Khanna nabbed red handed on the complaint of Ambika Pandit, a contractor of Municipal Council Khanna. The complaint has approached the VB and alleged that the accused Ramandeep Singh was threatening him in the name of vigilance bureau to conduct an inquiry against the construction works which were allotted to him. He was demanding Rs. 1,10,000/- as a 1% commission out the total contract and had already paid Rs. 10,000 to the accused.

After verifying his information, Vigilance flying squad team laid a trap and the accused Ramandeep Singh Ahluwalia was arrested on the spot while accepting bribe of Rs.50,000 as a first installment from the complainant in the presence of two official witnesses.

He informed that two cases under section 7,13 (2) of Prevention of Corruption Act have been registered against both accused at VB police station Patiala and FS Mohali respectively further investigations were under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵੱਲੋਂ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਬਿਜਲੀ ਨਿਗਮ ਦਾ ਜੇ.ਈ ਅਤੇ ਇਕ ਪ੍ਰਾਈਵੇਟ ਵਿਅਕਤੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 19 ਮਈ: ਪੰਜਾਬ ਵਿਜੀਲੈਂਸ ਬਿਊਰੋ ਨੇ ਪੀ.ਐਸ.ਪੀ.ਸੀ.ਐਲ ਗ੍ਰਿਡ, ਪਿੰਡ ਰੋਹੜ ਜਗੀਰ, ਜਿਲਾ ਪਟਿਆਲਾ ਵਿਖੇ ਤਾਇਨਾਤ ਸਹਾਇਕ ਜੂਨੀਅਰ ਇੰਜੀਨੀਅਰ ਅਤੇ ਖੰਨਾ ਨਿਵਾਸੀ ਇਕ ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਜੇ.ਈ ਸੁਖਜਿੰਦਰ ਗਿੱਰ ਨੂੰ ਸ਼ਿਕਾਇਤਕਰਤਾ ਰਣਜੀਤ ਸਿੰਘ ਵਾਸੀ ਪਿੰਡ ਪਠਾਨ ਮਾਜਰਾ, ਜਿਲਾ ਪਟਿਆਲਾ ਦੀ ਸ਼ਿਕਾਇਤ 'ਤੇ 2,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਵਾਹੀਯੋਗ ਜਮੀਨ 'ਤੇ ਲੱਗੇ ਬਿਜਲੀ ਦੇ ਖਰਾਬ ਟਰਾਂਸਫਾਰਮਰ ਨੂੰ ਬਦਲਣ ਬਦਲੇ ਜੇ.ਈ 2,000 ਰੁਪਏ ਦੀ ਮੰਗ ਕਰ ਰਿਹਾ ਹੈ। ਦੱਸਣਯੋਗ ਹੈ ਕਿ ਦੋਸ਼ੀ ਜੇ.ਈ ਉਕਤ ਟਰਾਂਸਫਾਰਮਰ ਦੀ ਮੁਰੰਮਤ ਬਦਲੇ ਪਹਿਲਾਂ ਵੀ 3000 ਰੁਪਏ ਰਿਸ਼ਵਤ ਵਜੋਂ ਲੈ ਚੁੱਕਾ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 2,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਇਕ ਹੋਰ ਭ੍ਰਿਸ਼ਟਾਚਾਰ ਦੇ ਕੇਸ ਵਿਚ ਖੰਨਾ ਨਿਵਾਸੀ ਰਮਨਦੀਪ ਸਿੰਘ ਆਹਲੂਵਾਲੀਆ ਨੂੰ ਨਗਰ ਕੌਂਸਲ ਖੰਨਾ ਦੇ ਠੇਕੇਦਾਰ ਅੰਬਿਕਾ ਪੰਡਿਤ ਦੀ ਸ਼ਿਕਾਇਤ 'ਤੇ 50,000 ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਦੋਸ਼ੀ ਰਮਨਦੀਤ ਸਿੰਘ ਆਹਲੂਵਾਲੀਆ ਵਲੋਂ ਉਸ ਨੂੰ ਨਗਰ ਕੌਂਸਲ ਵਲੋਂ ਅਲਾਟ ਕੀਤੇ ਕੰਮਾਂ ਸਬੰਧੀ ਵਿਜੀਲੈਂਸ ਬਿਓਰੋ ਤੋਂ ਜਾਂਚ ਕਰਾਉਣ ਦਾ ਡਰਾਵਾ ਦੇ ਕੇ  ਕੁਲ ਠੇਕੇ ਦੇ ਕੰਮਾਂ ਦਾ 1ਫੀਸਦੀ ਦੇ ਹਿਸਾਬ ਨਾਲ 1,10,000 ਰੁਪਏ ਦੀ ਰਿਸ਼ਵਤ ਮੰਗ ਰਿਹਾ ਹੈ। ਦੱਸਣਯੋਗ ਹੈ ਕਿ ਠੇਕੇਦਾਰ ਵਲੋਂ  ਉਕਤ ਦੋਸ਼ੀ ਰਮਨਦੀਪ ਸਿੰਘ ਨੂੰ ਪਹਿਲਾਂ ਹੀ 10,000 ਰੁਪਏ ਰਿਸ਼ਵਤ ਵਜੋਂ ਲੈ ਚੁੱਕਾ ਹੈ ਹਨ।

ਵਿਜੀਲੈਂਸ ਦੇ ਉਡਣ ਦੱਸਤੇ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਰਮਨਦੀਪ ਸਿੰਘ ਨੂੰ ਅੱਜ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਅਤੇ ਉਡਣ ਦੱਸਤਾ ਮੋਹਾਲੀ ਸਥਿਤ ਵਿਜੀਲੈਂਸ ਬਿਓਰੋ ਦੇ ਥਾਣਿਆਂ ਵਿਚ ਮੁਕੱਦਮੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।